Dispatch No. I/22516/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਕਰੋਨਾ ਮਹਾਂਮਾਰੀ ਵਿਰੁੱਧ ਲੜਾਈ ਵਿੱਚ ਸਾਰੇ ਵਰਗਾਂ ਦਾ ਸਹਿਯੋਗ ਜ਼ਰੂਰੀ-ਓ.ਪੀ. ਸੋਨੀ

ਰਾਜ ਵਿੱਚ ਕਰੋਨਾ ਦੇ ਟੈਸਟਾਂ ਦੀ ਸਮਰੱਥਾ ਤਿੱਗਣੀ ਕੀਤੀ ਜਾਵੇਗੀ

ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਲੈਬ ਵਿੱਚ ਹੁਣ ਤੱਕ ਵੱਖ ਵੱਖ ਜਿਲ੍ਹਿਆਂ ਦੇ 5 ਹਜ਼ਾਰ ਸੈਂਪਲਾਂ ਦੇ ਟੈਸਟ ਹੋਏ ਜਿੰਨਾ ਵਿਚੋਂ 300 ਪਾਜਟਿਵ ਪਾਏ ਗਏ

ਵਿਧਾਇਕ ਸ: ਕੁਸ਼ਲਦੀਪ ਸਿੰਘ ਢਿੱਲੋਂ, ਵੀ.ਸੀ. ਡਾ. ਰਾਜ ਬਹਾਦਰ, ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਅਤੇ ਐਸ.ਐਸ.ਪੀ. ਸ: ਮਨਜੀਤ ਸਿੰਘ ਢੇਸੀ ਤੋਂ ਇਲਾਵਾ ਵੱਖ ਵੱਖ ਅਧਿਕਾਰੀਆਂ ਨਾਲ ਕੀਤੀ ਰੀਵਿਊ ਮੀਟਿੰਗ

ਫਰੀਦਕੋਟ 6 ਮਈ ( ) ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕਰੋਨਾ ਮਹਾਂਮਾਰੀ ਵਿਰੁੱਧ ਜੰਗ ਲੜੀ ਜਾ ਰਹੀ ਹੈ ਅਤੇ ਇਸ ਲੜਾਈ ਤੇ ਜਿੱਤ ਪ੍ਰਾਪਤ ਕਰਨ ਲਈ ਸਮਾਜ ਦੇ ਸਾਰੇ ਵਰਗਾਂ ਅਤੇ ਸਿਆਸੀ ਪਾਰਟੀਆਂ ਨੂੰ ਇਕਜੁੱਟ ਹੋ ਕੇ ਕੰਮ ਕਰਨਾ ਚਾਹੀਦਾ ਹੈ। ਇਹ ਪ੍ਰਗਟਾਵਾ ਪੰਜਾਬ ਦੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ.ਪੀ. ਸੋਨੀ ਨੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਵਿਖੇ ਵਿਧਾਇਕ ਸ: ਕੁਸ਼ਲਦੀਪ ਸਿੰਘ ਢਿੱਲੋਂ, ਉੱਪ ਕੁੱਲਪਤੀ ਡਾ. ਰਾਜ ਬਹਾਦਰ, ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਅਤੇ ਐਸ.ਐਸ.ਪੀ. ਸ: ਮਨਜੀਤ ਸਿੰਘ ਢੇਸੀ ਤੋਂ ਇਲਾਵਾ ਗੁਰੂ ਗੋਬਿੰਦ ਸਿੰਘ ਕਾਲਜ ਦੇ ਅਧਿਕਾਰੀਆਂ ਨਾਲ ਕਰੋਨਾ (ਕੋਵਿਡ-19) ਦੀ ਸਥਿਤੀ ਦਾ ਜਾਇਜ਼ਾ ਲੈਣ, ਜਿਲ੍ਹੇ ਵਿੱਚ ਲੋੜਵੰਦਾਂ ਨੂੰ ਰਾਸ਼ਨ ਦੀ ਵੰਡ, ਆਮ ਨਾਗਰਿਕਾਂ ਨੂੰ ਕਰਫਿਊ ਦੌਰਾਨ ਜ਼ਰੂਰੀ ਵਸਤਾਂ ਦੀ ਸਪਲਾਈ, ਦੂਜੇ ਰਾਜਾਂ ਤੋਂ ਆਏ ਲੋਕਾਂ ਦੇ ਸੈਂਪਲ ਲੈਣ, ਉਨ੍ਹਾਂ ਦੀ ਟੈਸਟਿੰਗ ਸਮੇਤ ਵੱਖ ਵੱਖ ਕੰਮਾਂ ਸਬੰਧੀ ਜਾਣਕਾਰੀ ਹਾਸਲ ਕੀਤੀ।

ਇਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਓ.ਪੀ. ਸੋਨੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਕਰੋਨਾ ਵਿਰੁੱਧ ਜੰਗ ਪੂਰੀਆਂ ਤਿਆਰੀਆਂ ਅਤੇ ਜਜ਼ਬੇ ਨਾਲ ਲੜ ਰਹੀ ਹੈ। ਉਨ੍ਹਾਂ ਇਸ ਲੜਾਈ ਵਿੱਚ ਅੱਗੇ ਹੋ ਕੇ ਕੰਮ ਕਰਨ ਵਾਲੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ, ਪੁਲਿਸ ਆਦਿ ਦੇ ਕੰਮਾਂ ਦੀ ਸਰਹਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰੋਨਾ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਪੂਰੇ ਰਾਜ ਵਿੱਚ ਕਰਫਿਊ ਚੱਲ ਰਿਹਾ ਹੈ ਪਰ ਇਸ ਦੇ ਬਾਵਜਦੂ ਲੋਕਾਂ ਨੂੰ ਜ਼ਰੂਰੀ ਵਸਤਾਂ ਦੀ ਸਪਲਾਈ ਉਨ੍ਹਾਂ ਦੇ ਘਰਾਂ ਤੱਕ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਗਰੀਬ ਤੇ ਲੋੜਵੰਦਾਂ ਨੂੰ ਸਰਕਾਰ ਅਤੇ ਸਵੈ ਸੇਵੀ ਸੰਸਥਾਵਾਂ ਵੱਲੋਂ ਲੋੜੀਂਦਾ ਰਾਸ਼ਨ, ਲੰਗਰ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਹਜ਼ੂਰ ਸਾਹਿਬ ਤੇ ਦੂਜੇ ਰਾਜਾਂ ਤੋਂ ਆਏ ਪੰਜਾਬ ਦੇ ਵਸਨੀਕਾਂ ਨੂੰ ਇਕਾਂਤਵਾਸ ਕੇਂਦਰਾਂ ਵਿੱਚ ਰੱਖਿਆ ਗਿਆ ਹੈ, ਜਿੰਨਾ ਦੀ ਗਿਣਤੀ 7000 ਹੈ ਜੋ ਕਿ ਹਜ਼ਰੂ ਸਾਹਿਬ ਤੋਂ ਆਏ ਹਨ ਅਤੇ ਇਸ ਤੋਂ ਇਲਾਵਾ ਦੂਜੇ ਰਾਜਾਂ ਤੋਂ ਆਈ ਲੇਬਰ ਵੀ ਹੈ। ਸਰਕਾਰ ਵੱਲੋਂ ਇਨ੍ਹਾਂ ਦੇ ਸੈਂਪਲ ਲੈ ਕੇ ਜੰਗੀ ਪੱਧਰ ਤੇ ਟੈਸਟਿੰਗ ਕੀਤੀ ਜਾ ਰਹੀ ਹੈ ਅਤੇ ਹੁਣ ਰਾਜ ਵਿੱਚ ਰੋਜ਼ਾਨਾ ਟੈਸਟਾਂ ਦੀ ਸਮਰੱਥਾ 2 ਹਜ਼ਾਰ ਤੱਕ ਪਹੁੰਚ ਚੁੱਕੀ ਹੈ ਤੇ ਇਸ ਨੂੰ ਆਉਂਦੇ ਦਿਨਾਂ ਵਿੱਚ ਤਿੱਗਣੀ ਕਰਨ ਦੀ ਯੋਜਨਾ ਹੈ, ਤੇ ਇਸ ਸਬੰਧੀ ਸਾਰੇ ਉਪਕਰਨ ਵਿਦੇਸ਼ਾਂ ਤੋਂ ਮੰਗਵਾਏ ਜਾ ਰਹੇ ਹਨ। ਉਨ੍ਹਾਂ ਵਿਰੋਧੀ ਪਾਰਟੀਆਂ ਨੂੰ ਸਲਾਹ ਦਿੱਤੀ ਕਿ ਉਹ ਇਸ ਮੁਸ਼ਕਿਲ ਦੀ ਘੜੀ ਵਿੱਚ ਸਿਆਸਤ ਜਾਂ ਸਰਕਾਰ ਦੀ ਨੁਕਤਾਚੀਨੀ ਕਰਨ ਦੀ ਥਾਂ ਕਰੋਨਾ ਵਿਰੁੱਧ ਜੰਗ ਜਿੱਤਣ ਲਈ ਸਰਕਾਰ ਦਾ ਸਾਥ ਦੇਣ ਤਾਂ ਜੋ ਇਸ ਬਿਮਾਰੀ ਤੇ ਜਲਦੀ ਤੋਂ ਜਲਦੀ ਕਾਬੂ ਪਾਇਆ ਜਾ ਸਕੇ ਉਨ੍ਹਾਂ ਕਿਹਾ ਕਿ ਰਾਜ ਦੇ ਸਾਰੇ ਇਕਾਂਤਵਾਸ ਕੇਂਦਰਾਂ ਵਿੱਚ ਜਿੱਥੇ ਹਜ਼ੂਰ ਸਾਹਿਬ ਦੇ ਯਾਤਰੀ ਅਤੇ ਦੂਜੇ ਰਾਜਾਂ ਤੋਂ ਵਾਪਸ ਪਰਤੀ ਲੇਬਰ ਨੂੰ ਰੱਖਿਆ ਗਿਆ ਹੈ, ਵਿਖੇ ਲੰਗਰ, ਰਿਹਾਇਸ਼ ਸਮੇਤ ਹਰ ਤਰ੍ਹਾਂ ਦੀ ਸੁਵਿਧਾ ਮੁਹੱਈਆ ਕਰਵਾਈ ਗਈ ਹੈ ਤੇ ਉਨ੍ਹਾਂ ਦੀ ਸਮੇਂ ਸਮੇਂ ਤੇ ਮੈਡੀਕਲ ਜਾਂਚ ਅਤੇ ਸੈਪਲਿੰਗ ਕੀਤੀ ਜਾ ਰਹੀ ਹੈ।

ਇਸ ਮੌਕੇ ਵਿਧਾਇਕ ਸ: ਕੁਸ਼ਲਦੀਪ ਸਿੰਘ ਢਿੱਲੋਂ ਨੇ ਫਰੀਦਕੋਟ ਜਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਕਰਫਿਊ ਦੌਰਾਨ ਲੋਕਾਂ ਦੀ ਸਹੂਲਤ ਲਈ ਰਾਸ਼ਨ ਦੀ ਸਪਲਾਈ, ਕਣਕ ਦੀ ਖਰੀਦ ਆਦਿ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਤੇ ਕਰੋਨਾ ਪਾਜੀਟਿਵ ਮਰੀਜ਼ਾਂ ਦੀ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ।

ਉੱਪ ਕੁੱਲਪਤੀ ਬਾਬਾ ਫਰੀਦ ਯੂਨੀਵਰਸਿਟੀ ਡਾ. ਰਾਜ ਬਹਾਦਰ ਨੇ ਸ੍ਰੀ ਸੋਨੀ ਨੂੰ ਦੱਸਿਆ ਕਿ ਯੂਨੀਵਰਸਿਟੀ ਦੀ ਵੀ.ਆਰ.ਡੀ.ਐਲ. ਲੈਬ ਵਿੱਚ ਫਰੀਦਕੋਟ, ਫਾਜ਼ਿਲਕਾ, ਬਠਿੰਡਾ, ਮੁਕਤਸਰ, ਮਾਨਸਾ, ਫਰੀਦਕੋਟ ਸਮੇਤ ਹੋਰ ਕਈ ਜਿਲ੍ਹਿਆਂ ਦੇ ਵੀ ਕਰੋਨਾ ਮਰੀਜ਼ਾਂ ਦੇ ਸੈਂਪਲ ਆ ਰਹੇ ਹਨ ਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਸਟਾਫ ਵੱਲੋਂ ਦਿਨ ਰਾਤ ਟੈਸਟਿੰਗ ਜਾਰੀ ਹੈ ਅਤੇ ਹੁਣ ਤੱਕ 5 ਹਜ਼ਾਰ ਦੇ ਕਰੀਬ ਟੈਸਟ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਫਰੀਦਕੋਟ ਜਿਲ੍ਹੇ ਵਿੱਚ ਪਹੁੰਚੇ ਹਜ਼ੂਰ ਸਾਹਿਬ ਤੋ ਸ਼ਰਧਾਲੂਆਂ, ਦੂਜੇ ਰਾਜਾਂ ਤੋਂ ਪਰਤੀ ਲੇਬਰ, ਜਿਲ੍ਹੇ ਵਿੱਚ ਜ਼ਰੂਰਤਮੰਦਾਂ ਅਤੇ ਲੋੜਵੰਦਾਂ ਨੂੰ ਜਿਲ੍ਹਾ ਪ੍ਰਸ਼ਾਸਨ, ਰੈੱਡ ਕਰਾਸ, ਸਮਾਜ ਸੇਵੀ ਸੰਸਥਾਵਾਂ ਵੱਲੋਂ ਮੁਹੱਈਆ ਕਰਵਾਏ ਗਏ ਅਤੇ ਕਰਵਾਏ ਜਾ ਰਹੇ ਰਾਸ਼ਨ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜਿਲ੍ਹੇ ਦੇ 1300 ਲੋਕ ਜੋ ਕਿ ਦੂਜੇ ਰਾਜ ਤੋਂ ਪਰਤੇ ਹਨ ਨੂੰ ਇਕਾਂਤਵਾਸ ਕੇਂਦਰਾਂ ਵਿੱਚ ਰੱਖਿਆ ਗਿਆ ਹੈ ਅਤੇ ਉਨ੍ਹਾਂ ਨੂੰ ਹਰ ਸਹੂਲਤ ਮੁੱਹਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਿਲ੍ਹੇ ਵਿੱਚ ਦੂਜੇ ਰਾਜਾਂ ਦੇ ਲੋਕਾਂ ਨੂੰ ਵਾਪਸ ਭੇਜਣ ਲਈ ਉਨ੍ਹਾਂ ਦੀ ਸਕਰੀਨਿੰਗ ਕਰਵਾਈ ਗਈ ਹੈ ਅਤੇ ਕਰੀਬ 2240 ਲੋਕਾਂ ਨੂੰ ਜਲਦੀ ਹੀ ਉਨ੍ਹਾਂ ਦੇ ਰਾਜਾਂ ਵਿੱਚ ਵਾਪਸ ਭੇਜਿਆ ਜਾਵੇਗਾ।

ਜਿਲ੍ਹਾ ਪੁਲਿਸ ਮੁੱਖੀ ਸ੍ਰੀ ਮਨਜੀਤ ਸਿੰਘ ਢੇਸੀ ਨੇ ਜਿਲ੍ਹੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਇਸ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਪ੍ਰਿੰ: ਡਾ. ਦੀਪਕ ਜੋਹਨ ਭੱਟੀ ਅਤੇ ਹੋਰ ਸਟਾਫ ਵੀ ਹਾਜ਼ਰ ਸੀ।

Dispatch No. I/22563/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਆਸ਼ਾ ਵਰਕਰਾਂ ਨੂੰ ਕੋਵਿਡ-19 ਬਚਾਓ ਸਮੱਗਰੀ ਤਕਸੀਮ

ਘਰਾਂ ਦਾ ਦੌਰਾ ਕਰਨ ਮੌਕੇ ਆਪਣੀ ਸੁਰੱਖਿਆ ਰੱਖਣ ਦੀ ਅਪੀਲ

ਫਰੀਦਕੋਟ 6 ਮਈ ) ਸਿਹਤ ਤੇ ਪਰਿਵਾਰ ਭਲਾਈ ਮੰਤਰੀ ਬਲਵੀਰ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਕੁਮਾਰ ਸੌਰਭ ਰਾਜ ਆਈ.ਏ.ਐਸ ਅਤੇ ਡਾ.ਰਾਜਿੰਦਰ ਕੁਮਾਰ ਸਿਵਲ ਸਰਜਨ ਫਰੀਦਕੋਟ ਦੀ ਯੋਗ ਅਗਵਾਈ ਹੇਠ ਨੋਵਲ ਕੋਰੋਨਾ ਵਾਇਰਸ ਨਾਲ ਨੱਜਿਠਣ ਲਈ ਵੱਖ-ਵੱਖ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆ੍ਂ ਜਿਥੇ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ ਉਥੇ ਹੀ ਸਿਹਤ ਵਿਭਾਗ ਅਧੀਨ ਸੇਵਾਵਾਂ ਨਿਭਾ ਰਹੀਆਂ ਆਸ਼ਾ ਵਰਕਰਾਂ ਅਤੇ ਆਸ਼ਾ ਫੈਸਿਲੀਟੇਟਰ ਜੋ ਇਸ ਕੋਰੋਨਾ ਵਰਗੀ ਭਿਆਨਕ ਬਿਮਾਰੀ ਵਿਰੁੱਧ ਲੜੀ ਜਾ ਰਹੀ ਜੰਗ ਵਿਚ ਅਹਿਮ ਰੋਲ ਅਦਾ ਕਰ ਰਹੀਆਂ ਹਨ ਅਤੇ ਕੋਵਿਡ-19 ਦੇ ਸ਼ੱਕੀ ਮਰੀਜ਼ਾਂ ਦੀ ਭਾਲ ਲਈ ਘਰ-ਘਰ ਜਾ ਕੇ ਸਰਵੇ ਕਰ ਰਹੀਆਂ ਹਨ ਤੇ ਕੋਰੋਨਾ ਤੋਂ ਬਚਾਅ ਲਈ ਜਾਗਰੂਕਤਾ ਵੀ ਪ੍ਰਦਾਨ ਕਰ ਰਹੀਆਂ ਹਨ।ਪਰ ਜ਼ਿਲਾ ਮੋਗੇ ਦੀਆਂ ਕੁੱਝ ਆਸ਼ਾ ਦੇ ਕੋਰੋਨਾ ਪਾਜ਼ੇਟਿਵ ਆਉਣ ਨਾਲ ਆਸ਼ਾ ਵਰਕਰਾਂ ਅਤੇ ਉਹਨਾਂ ਦੇ ਪਰਿਵਾਰਾਂ ਵਿੱਚ ਡਰ ਤੇ ਸਹਿਮ ਦਾ ਮਾਹੌਲ ਬਣਿਆਂ ਹੋਇਆ ਹੈ।ਇਸ ਮਹੌਲ ਨੂੰ ਦੇਖਦੇ ਹੋਏ ਉਚ ਅਧਿਕਾਰੀਆਂ ਦੇ ਆਦੇਸ਼ਾਂ ਮੁਤਾਬਕ ਸੀਨੀਅਰ ਮੈਡੀਕਲ ਅਫਸਰ ਪੀ.ਐਚ.ਸੀ ਜੰਡ ਸਾਹਿਬ ਡਾ.ਰਾਜੀਵ ਭੰਡਾਰੀ, ਮਾਸ ਮੀਡੀਆ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ, ਮੈਡੀਕਲ ਅਫਸਰ ਡਾ.ਅਮਨਪ੍ਰੀਤ ਕੌਰ, ਡਾ.ਸ਼ਮਿੰਦਰ ਕੌਰ ਅਤੇ ਫਾਰਮੇਸੀ ਅਫਸਰ ਰਜਿੰਦਰ ਅਰੋੜਾ ਨੇ ਬਲਾਕ ਦੀਆਂ 160 ਆਸ਼ਾ ਲਈ ਦੂਸਰੀ ਵਾਰ ਸੇਫਟੀ ਕਿੱਟਾਂ ਤਕਸੀਮ ਕੀਤੀਆਂ ।ਇਸ ਕਿੱਟ ਵਿੱਚ ਗਲਬਜ਼, ਮਾਸਕ, ਹੈਂਡ ਸੈਨੇਟਾਈਜ਼ਰ ਅਤੇ ਸਾਬਣ ਸ਼ਾਮਿਲ ਕੀਤਾ ਗਿਆ ਹੈ।ਐਸ.ਐਮ.ਓ ਡਾ.ਭੰਡਾਰੀ ਨੇ ਆਸ਼ਾ ਫੈਸਿਲੀਟੇਟਰਾਂ ਨੂੰ ਇਹ ਸਮਾਨ ਹਰ ਆਸ਼ਾ ਤੱਕ ਪਹੁੰਚਾਉਣ ਲਈ ਵਚਨਬੱਧ ਕੀਤਾ।ਉਨਾਂ ਹਰ ਆਸ਼ਾ ਵਰਕਰਾਂ ਨੂੰ ਘਰਾਂ ਦਾ ਦੌਰਾ ਕਰਨ ਅਤੇ ਕੋਰੋਨਾ ਦੇ ਸ਼ੱਕੀ ਮਰੀਜ਼ਾਂ ਤੋਂ ਪੁੱਛ-ਗਿੱਛ ਕਰਨ ਸਮੇਂ ਆਪਣੀ ਸੁਰੱਖਿਆ ਦਾ ਧਿਆਨ ਰੱਖਣ ਅਤੇ ਸਾਵਧਾਨੀਆਂ ਵਰਤਣ ਦੀ ਹਦਾਇਤ ਵੀ ਕੀਤੀ।

ਫੋਟੋ ਕੈਪਸ਼ਨ -ਐਸ.ਐਮ.ਓ ਡਾ ਰਜੀਵ ਭੰਡਾਰੀ ਅਤੇ ਬੀ.ਈ.ਈ ਡਾ.ਪ੍ਰਭਦੀਪ ਸਿੰਘ ਚਾਵਲਾ ਆਸ਼ਾ ਸੇਫਟੀ ਕਿੱਟਾਂ ਤਕਸੀਮ ਕਰਦੇ ਹੋਏ।

Dispatch No. I/22542/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 461952 ਮੀਟਰਕ ਟਨ ਕਣਕ ਦੀ ਆਮਦ ਹੋਈ

ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 461624 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ

ਹੁਣ ਤੱਕ 317339 ਮੀਟਰਕ ਟਨ ਦੀ ਲਿਫਟਿੰਗ ਹੋਈ

ਫਰੀਦਕੋਟ 6 ਮਈ ( ) ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 461952 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ  ਏਜੰਸੀਆਂ ਵੱਲੋਂ 461624 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਸ੍ਰੀ ਕਾਹਲੋਂ ਨੇ ਹੋਰ ਜਾਣਕਾਰੀ ਦਿੰਦੇ ਦੱਸਿਆ ਕਿ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 141939 ਮੀਟਰਕ ਟਨ, ਮਾਰਕਫੈੱਡ ਵੱਲੋਂ 108061 ਮੀਟਰਕ ਟਨ,ਪਨਸਪ ਵੱਲੋਂ 105026 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 66894 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 38904 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ ਲਿਫਟਿੰਗ ਦਾ ਕੰਮ ਵੀ ਤੇਜੀ ਨਾਲ ਚਲ ਰਿਹਾ ਹੈ।ਜਿਲੇ ਦੇ ਖਰੀਦ ਕੇਂਦਰਾਂ ਵਿੱਚੋਂ ਵਿਚ ਲਿਫਟਿੰਗ ਦੇ ਕੰਮ ਵਿਚ ਹੋਰ ਤੇਜੀ ਲਿਆਂਦੀ ਗਈ ਹੈ ਅਤੇ ਜ਼ਿਲੇ ਦੀਆਂ ਮੰਡੀਆਂ ਵਿਚੋਂ ਹੁਣ ਤੱਕ 317339 ਮੀਟਰਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ ।